# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 12-03-2026**

ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਨੇ ਪੱਛਮੀ ਏਸ਼ੀਆ ਸੰਘਰਸ਼ ਦਰਮਿਆਨ ਦੇਸ਼ ਭਰ ਵਿੱਚ ਐਲਪੀਜੀ ਦੀ ਸਪਲਾਈ ਅਤੇ ਵੰਡ ਦੀ ਸਮੀਖਿਆ ਬਾਰੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਅਤੇ ਪੁਲਿਸ ਡਾਇਰੈਕਟਰ ਜਨਰਲਾਂ ਨਾਲ ਇੱਕ ਮੀਟਿੰਗ ਕੀਤੀ । ਕਲ੍ਹ ਮੀਟਿੰਗ ਦੌਰਾਨ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਸਲਾਹ ਦਿੱਤੀ ਗਈ ਕਿ ਉਹ ਸਬੰਧਤ ਬੁਨਿਆਦੀ ਢਾਂਚੇ ਅਤੇ ਮੁਲਾਜ਼ਮਾਂ ਲਈ ਸੁਰੱਖਿਆ ਵਧਾ ਕੇ LPG ਸਪਲਾਈ ਲੜੀ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ। ਉਨ੍ਹਾਂ ਨੂੰ ਰੋਜ਼ਾਨਾ ਸਥਾਨਕ LPG ਸਪਲਾਈ ਦੀ ਨਿਗਰਾਨੀ ਕਰਨ, ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਅਤੇ ਜ਼ਮੀਨੀ ਪੱਧਰ 'ਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਦੀ ਵੀ ਸਲਾਹ ਦਿੱਤੀ ਗਈ। ਸ਼੍ਰੀ ਮੋਹਨ ਨੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ LPG ਦੀ ਘਾਟ ਬਾਰੇ ਡਰ ਨੂੰ ਦੂਰ ਕਰਨ ਅਤੇ ਝੂਠੀਆਂ ਅਫਵਾਹਾਂ ਦਾ ਮੁਕਾਬਲਾ ਕਰਨ ਲਈ ਸਿੱਧੇ ਤੌਰ 'ਤੇ ਅਤੇ ਤੇਲ ਮਾਰਕੀਟਿੰਗ ਕੰਪਨੀਆਂ ਰਾਹੀਂ ਲੋੜੀਂਦੀ ਜਾਗਰੂਕਤਾ ਮੁਹਿੰਮ

ਚਲਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਗ੍ਰਹਿ ਮੰਤਰਾਲੇ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਅਤੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ ਨੋਡਲ ਅਧਿਕਾਰੀਆਂ ਨੂੰ ਸ਼ਾਮਲ ਕਰਕੇ ਆਪਣੇ ਕੰਟਰੋਲ ਰੂਮ ਨੂੰ ਮਜ਼ਬੂਤ ਕੀਤਾ ਏ, ਜੋ ਕਿ 24 ਘੰਟੇ ਕੰਮ ਕਰ ਰਿਹਾ ਏ। ਇਹ ਪ੍ਰਬੰਧ ਮੌਜੂਦਾ ਸਥਿਤੀ ਨਾਲ ਸਬੰਧਤ ਕਿਸੇ ਵੀ ਮਾਮਲੇ 'ਤੇ ਤੱਥਾਂ ਦੀ ਜਾਂਚ ਅਤੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਤੁਰੰਤ ਸਪੱਸ਼ਟੀਕਰਨ ਜਾਰੀ ਕਰਨ ਦੇ ਯੋਗ ਬਣਾਉਣ ਲਈ ਕੀਤਾ ਗਿਆ ਏ।

---------------------------------------------------------------

ਭਾਰਤ ਨੇ ਪੱਛਮੀ ਏਸ਼ੀਆ ਵਿੱਚ ਵਧਦੇ ਖੇਤਰੀ ਤਣਾਅ ਕਾਰਣ, ਯਾਤਰਾ ਅਤੇ ਸੁਰੱਖਿਆ ਸਥਿਤੀਆਂ ਵਿੱਚ ਵਿਘਨ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਲਈ ਸਹਾਇਤਾ ਵਧਾ ਦਿੱਤੀ ਏ। ਸੈਂਕੜੇ ਭਾਰਤੀਆਂ ਨੂੰ ਲੇਬਨਾਨ ਅਤੇ ਕਤਰ ਤੋਂ ਵਪਾਰਕ ਉਡਾਣਾਂ ਰਾਹੀਂ ਵਾਪਸ ਭੇਜਿਆ ਗਿਆ ਏ। ਬੇਰੂਤ ਵਿੱਚ ਭਾਰਤੀ ਦੂਤਘਰ ਮੁਤਾਬਿਕ, 177 ਭਾਰਤੀ ਨਾਗਰਿਕਾਂ ਦੇ ਪਹਿਲੇ ਜਥੇ ਨੂੰ ਕੱਲ੍ਹ ਚਾਰਟਰ ਉਡਾਣ ਰਾਹੀਂ ਨਵੀਂ ਦਿੱਲੀ ਭੇਜਿਆ ਗਿਆ ਸੀ। ਸਮੂਹ ਨੂੰ ਲੇਬਨਾਨ ਵਿੱਚ ਭਾਰਤ ਦੇ ਰਾਜਦੂਤ ਨੂਰ ਰਹਿਮਾਨ ਸ਼ੇਖ ਵਲੋਂ ਬੇਰੂਤ-ਰਾਫੀਕ ਹਰੀਰੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵਿਦਾਇਗੀ ਦਿੱਤੀ ਗਈ। ਇਸ ਦੌਰਾਨ, ਕਤਰ ਵਿੱਚ ਭਾਰਤੀ ਦੂਤਘਰ ਨੇ ਕਿਹਾ ਕਿ ਕਤਰ ਵਿੱਚ ਫਸੇ 500 ਤੋਂ ਵੱਧ ਭਾਰਤੀ ਕੱਲ੍ਹ

ਕਤਰ ਏਅਰਵੇਜ਼ ਦੀਆਂ ਉਡਾਣਾਂ ਰਾਹੀਂ ਭਾਰਤ ਪਹੁੰਚੇ. ਯਾਤਰੀ ਨਵੀਂ ਦਿੱਲੀ ਅਤੇ ਮੁੰਬਈ ਸਮੇਤ ਹੋਰ ਥਾਵਾਂ ਲਈ ਰਵਾਨਾ ਹੋਏ। ਦੂਤਘਰ ਨੇ ਅੱਗੇ ਕਿਹਾ ਕਿ ਕਤਰ ਏਅਰਵੇਜ਼ ਦਾ ਅੱਜ ਭਾਰਤ ਲਈ ਦੋ ਵਾਧੂ ਉਡਾਣਾਂ ਇੱਕ ਨਵੀਂ ਦਿੱਲੀ ਅਤੇ ਮੁੰਬਈ ਲਈ, ਚਲਾਉਣ ਦਾ ਪ੍ਰੋਗਰਾਮ ਏ, ਤਾਂ ਜੋ ਹੋਰ ਯਾਤਰਾ ਦੀ ਸਹੂਲਤ ਮਿਲ ਸਕੇ। ਦੂਤਘਰ ਨੇ ਇਹ ਵੀ ਕਿਹਾ ਏ ਕਿ ਭਾਰਤੀ ਨਾਗਰਿਕਾਂ ਲਈ ਪਾਸਪੋਰਟ ਜਲਦ ਜਾਰੀ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ । ਮੌਜੂਦਾ ਸਥਿਤੀ ਦੇ ਕਾਰਨ, ਦੂਤਘਰ ਹਫ਼ਤੇ ਦੇ ਸਾਰੇ ਦਿਨ ਪਾਸਪੋਰਟ ਅਰਜ਼ੀਆਂ ਲੈਣ ਲਈ ਖੁੱਲ੍ਹਾ ਰਹਿੰਦਾ ਏ ਅਤੇ ਤਤਕਾਲ ਪਾਸਪੋਰਟ ਇੱਕ ਤੋਂ ਦੋ ਦਿਨਾਂ ਦੇ ਅੰਦਰ ਜਾਰੀ ਕੀਤੇ ਜਾ ਰਹੇ ਨੇ.

---------------------------------------------------

ਪੰਜਾਬ ਮਹਿਲਾ ਕਮਿਸ਼ਨ ਨੇ ਬੀਤੇ ਦਿਨੀ  ਵਿਧਾਇਕ ਸੁਖਪਾਲ ਸਿੰਘ ਖਹਿਰਾ ਵਲੋਂ ਔਰਤਾਂ ਖਿਲਾਫ ਅਪਮਾਨਜਨਕ ਟਿੱਪਣੀਆਂ ਕੀਤੇ ਜਾਣ ਦੇ ਮੱਦੇਨਜ਼ਰ ਨੋਟਿਸ ਜਾਰੀ ਕੀਤਾ ਸੀ, ਜਿਸਦੇ ਦੇ ਸੰਬਧ ਵਿਚ ਅੱਜ ਐਡਵੋਕੇਟ ਮਹਿਤਾਬ ਸਿੰਘ ਖਹਿਰਾ , ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਸਾਹਮਣੇ ਪੇਸ਼ ਹੋਏ । ਉਨ੍ਹਾਂ  ਇਸ ਬਾਰੇ ਜਵਾਬ ਦਾਇਰ ਕਰਨ ਲਈ ਇੱਕ ਹਫ਼ਤੇ ਦਾ ਸਮਾਂ ਮੰਗਿਆ, ਜਿਸ ਨੂੰ ਚੇਅਰਪਰਸਨ  ਨੇ ਮਨਜ਼ੂਰ ਕਰ ਲਿਆ।

---------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਵਿਆਪਕ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਨੇ । ਕੱਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਡੇਂਗੂ ਅਤੇ ਚਿਕਨਗੁਨੀਆਂ ਵਰਗੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਅਗਾਊਂ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਖਾਸ ਕਰ ਸੰਵੇਦਨਸ਼ੀਲ ਇਲਾਕਿਆਂ ਵਿੱਚ ਵਿਸ਼ੇਸ਼ ਧਿਆਨ ਦੇਣ ਦੀ ਲੋੜ ’ਤੇ ਜ਼ੋਰ ਦਿੰਦਿਆਂ ਲੋਕਾਂ ਵਿੱਚ ਰੋਕਥਾਮ ਉਪਾਵਾਂ ਬਾਰੇ ਜਾਗਰੂਕਤਾ ਫੈਲਾਉਣ ਦੀ ਹਦਾਇਤ ਕੀਤੀ।

---------------------------------------------------------------

ਚੰਡੀਗੜ੍ਹ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਦੀਪ ਸਿੰਘ ਭੱਟੀ ਨੇ ਕੋਵਿਡ-19 ਮਹਾਂਮਾਰੀ ਦੌਰਾਨ ਆਪਣੇ ਮਾਪਿਆਂ ਨੂੰ ਗੁਆ ਚੁਕੇ ਬੱਚਿਆਂ ਨਾਲ ਗੱਲਬਾਤ ਕੀਤੀ। ਇਹ ਗੱਲਬਾਤ ਜ਼ਿਲ੍ਹਾ ਬਾਲ ਸੁਰੱਖਿਆ ਇਕਾਈ, ਚੰਡੀਗੜ੍ਹ ਵੱਲੋਂ ਆਯੋਜਿਤ ਕੀਤੀ ਗਈ ਸੀ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਯੋਜਨਾ ਅਧੀਨ ਰਜਿਸਟਰਡ 13 ਬੱਚਿਆਂ ਨਾਲ ਵਿਸਥਾਰ ਵਿੱਚ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਤੰਦਰੁਸਤੀ, ਵਿਦਿਅਕ ਪ੍ਰਗਤੀ, ਸਿਹਤ ਸਥਿਤੀ ਅਤੇ ਪਰਿਵਾਰਕ ਮਾਹੌਲ ਬਾਰੇ ਪੁੱਛਗਿੱਛ ਕੀਤੀ। ਇਸ

ਦੌਰਾਨ, ਬੱਚਿਆਂ ਨੇ ਆਪਣੇ ਤਜਰਬੇ ਅਤੇ ਭਵਿੱਖ ਦੀਆਂ ਇੱਛਾਵਾਂ ਵੀ ਸਾਂਝੀਆਂ ਕੀਤੀਆਂ। ਬੱਚਿਆਂ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਬੱਚਿਆਂ ਦੀ ਭਲਾਈ ਅਤੇ ਸਮੁੱਚੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਏ। ਉਨ੍ਹਾਂ ਬੱਚਿਆਂ ਨੂੰ ਆਪਣੀ ਪੜ੍ਹਾਈ ਅਤੇ ਭਵਿੱਖ ਦੇ ਟੀਚਿਆਂ 'ਤੇ ਧਿਆਨ ਕੇਂਦਰਿਤ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਸ੍ਰੀ ਭੱਟੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇਗਾ ਕਿ ਹਰ ਬੱਚੇ ਨੂੰ ਜ਼ਿੰਦਗੀ ਵਿੱਚ ਵਧਣ-ਫੁੱਲਣ ਲਈ ਲੋੜੀਂਦੇ ਮੌਕੇ ਅਤੇ ਸਹਾਇਤਾ ਮਿਲੇ। ਜੇਕਰ ਕਿਸੇ ਵੀ ਬੱਚੇ ਨੂੰ ਸਿੱਖਿਆ, ਪੇਸ਼ੇਵਰ ਕੋਰਸ, ਹੁਨਰ ਵਿਕਾਸ, ਜਾਂ ਕਿਸੇ ਹੋਰ ਕਿਸਮ ਦੀ ਸਹਾਇਤਾ ਦੀ ਲੋੜ ਏ , ਤਾਂ ਉਹ ਕਿਸੇ ਵੀ ਸਮੇਂ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦੇ ਨੇ।

---

ਪੰਜਾਬ ਸਰਕਾਰ ਨੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਹਤਰ ਸੇਵਾਵਾਂ ਮੁਹੱਈਆ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਏ। ਭਰਤੀ ਸਬੰਧੀ ਇਹ ਇਸ਼ਤਿਹਾਰ ਪ੍ਰਮੁੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਕੀਤਾ ਗਿਆ ਏ , ਜਿਸ ਵਿੱਚ ਯੋਗ ਉਮੀਦਵਾਰਾਂ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼,

ਫਰੀਦਕੋਟ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਅਰਜ਼ੀ ਦੇਣੀ ਹੋਵੇਗੀ। ਇਹ ਆਨਲਾਈਨ ਅਰਜ਼ੀ ਪੋਰਟਲ 13 ਮਾਰਚ ਤੋਂ 2 ਅਪ੍ਰੈਲ ਤੱਕ ਖੁੱਲ੍ਹਾ ਰਹੇਗਾ। ਇਹਨਾਂ ਅਸਾਮੀਆਂ ਲਈ ਉਮੀਦਵਾਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਧੀਨ ਆਪਣੀਆਂ ਅਰਜ਼ੀਆਂ ਯੂਨੀਵਰਸਿਟੀ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਹ ਭਰਤੀ ਪਹਿਲਾਂ ਮਨਜ਼ੂਰ ਕੀਤੀਆਂ ਗਈਆਂ 406 ਸਟਾਫ ਨਰਸ ਅਸਾਮੀਆਂ, ਜਿਨ੍ਹਾਂ ਵਿੱਚੋਂ 275 ਅਸਾਮੀਆਂ ਲਈ ਅਪੁਆਇੰਟਮੈਂਟ ਆਰਡਰਜ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਤੋਂ ਵੱਖਰੀ ਹੈ। ਨਿਯੁਕਤ ਕੀਤੀਆਂ ਗਈਆਂ ਇਨ੍ਹਾਂ ਨਰਸਾਂ ਨੂੰ ਪੰਜਾਬ ਭਰ ਦੇ ਵੱਖ-ਵੱਖ ਸਬ ਡਿਵੀਜ਼ਨਲ ਹਸਪਤਾਲਾਂ ਅਤੇ ਜ਼ਿਲ੍ਹਾ ਹਸਪਤਾਲਾਂ ਵਿੱਚ ਤਾਇਨਾਤ ਕੀਤਾ ਗਿਆ ਏ । ਇਸ ਕਦਮ ਨਾਲ ਮਰੀਜ਼ਾਂ ਦੀ ਦੇਖਭਾਲ ਵਿੱਚ ਸੁਧਾਰ ਹੋਣ ਅਤੇ ਸਰਕਾਰੀ ਹਸਪਤਾਲਾਂ ਵਿੱਚ ਕੰਮ ਦੇ ਬੋਝ ਨੂੰ ਘਟਾਉਣ ਵਿੱਚ ਸਹਾਇਤਾ ਮਿਲੇਗੀ।

---

ਔਰਤਾਂ ਦੇ FIH ਹਾਕੀ ਵਿਸ਼ਵ ਕੱਪ ਕੁਆਲੀਫਾਇਰ 2026 'ਚ, ਬੀਤੀ ਸ਼ਾਮ ਹੈਦਰਾਬਾਦ ਵਿੱਚ, ਭਾਰਤ ਨੇ ਪੂਲ-ਬੀ ਮੁਕਾਬਲੇ ਵਿੱਚ ਵੇਲਜ਼ ਨੂੰ 4-1 ਨਾਲ ਹਰਾ ਦਿੱਤਾ ਏ । ਨਵਨੀਤ ਕੌਰ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣਦਿਆਂ ਤਿੰਨ ਗੋਲ ਕੀਤੇ, ਜਦੋਂ ਕਿ ਸਾਕਸ਼ੀ ਰਾਣਾ ਨੇ ਇੱਕ ਗੋਲ

ਕੀਤਾ। ਇਸ ਜਿੱਤ ਨਾਲ ਭਾਰਤ ਨੇ ਸੈਮੀਫਾਈਨਲ ਵਿੱਚ ਆਪਣੀ ਥਾਂ ਪੱਕੀ ਕਰ ਲਈ ਏ। ਭਲਕੇ ਸੈਮੀਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਇਟਲੀ ਨਾਲ ਹੋਵੇਗਾ।

---------------------------------------------------------

ਭਾਰਤੀ ਕ੍ਰਿਕੇਟ ਕੰਟਰੋਲ ਬੋਰਡ - BCCI ਨੇ ਇੰਡੀਅਨ ਪ੍ਰੀਮੀਅਰ ਲੀਗ - IPL 2026 ਦੇ ਪਹਿਲੇ ਗੇੜ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਏ। ਇਹ ਗੇੜ 28 ਮਾਰਚ ਤੋਂ 12 ਅਪ੍ਰੈਲ ਤੱਕ ਖੇਡਿਆ ਜਾਵੇਗਾ। ਇਸ ਦੌਰਾਨ, ਤਿੰਨ ਰਾਜਾਂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਨੇ, ਇਸ ਲਈ ਪੂਰੇ ਟੂਰਨਾਮੈਂਟ ਦਾ ਪ੍ਰੋਗਰਾਮ, ਚੋਣਾਂ ਦੀਆਂ ਤਰੀਕਾਂ ਦੇ ਐਲਾਨ ਤੋਂ ਬਾਅਦ ਹੀ ਜਾਰੀ ਕੀਤਾ ਜਾਵੇਗਾ। ਇਹ ਟੂਰਨਾਮੈਂਟ, ਬੰਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ, ਰਾਇਲ ਚੈਲੇਂਜਰਜ਼ BENGALURU ਅਤੇ ਸਨਰਾਈਜ਼ਰਜ਼ ਹੈਦਰਾਬਾਦ ਦਰਮਿਆਨ ਮੈਚ ਨਾਲ ਸ਼ੁਰੂ ਹੋਵੇਗਾ।

---------------------------------------------------------